# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਿਕ ਖਬਰਾਂ ਪੰਜਾਬੀ

**13:10 pm**

**ਮਿਤੀ: 17-06-2025**

ਪ੍ਰਧਾਨ ਮੰਤਰੀ ਨਰੇਂਦਰ ਮੋਦੀ ਅੱਜ ਸ਼ਾਮ ਕੈਨੇਡਾ ਦੇ ਕਨਾਨਾਸਕਿਸ ਵਿਖੇ ਜੀ-7 ਸੰਮੇਲਨ ਵਿੱਚ ਹਿੱਸਾ ਲੈਣਗੇ। ਸ਼੍ਰੀ ਮੋਦੀ ਅੱਜ ਸਵੇਰੇ ਕੈਲਗਰੀ ਪਹੁੰਚੇ ਨੇ। ਕੈਲਗਰੀ ਪਹੁੰਚਣ 'ਤੇ ਹਵਾਈ ਅੱਡੇ 'ਤੇ ਉਨ੍ਹਾਂ ਦਾ ਨਿੱਘਾ ਸਵਾਗਤ ਕੀਤਾ ਗਿਆ। ਸੰਮੇਲਨ ਤੋਂ ਇਲਾਵਾ, ਪ੍ਰਧਾਨ ਮੰਤਰੀ ਜੀ-7 ਦੇਸ਼ਾਂ ਦੇ ਨੇਤਾਵਾਂ ਨਾਲ ਵਿਚਾਰਾਂ ਦਾ ਆਦਾਨ-ਪ੍ਰਦਾਨ ਕਰਨਗੇ ਤੇ ਕਈ ਦੁਵੱਲੀਆਂ ਮੀਟਿੰਗਾਂ ਕਰਨਗੇ। ਉਹ ਹੋਰ ਦੇਸ਼ਾਂ ਦੇ ਵਿਸ਼ੇਸ਼ ਤੌਰ ਤੇ ਸੱਦੇ ਗਏ ਨੁਮਾਇੰਦਿਆਂ ਅਤੇ ਅੰਤਰਰਾਸ਼ਟਰੀ ਸੰਗਠਨਾਂ ਦੇ ਮੁਖੀਆਂ ਨਾਲ ਵੀ ਅਹਿਮ ਆਲਮੀ ਮੁੱਦਿਆਂ 'ਤੇ ਵਿਚਾਰਾਂ ਵੀ ਕਰਨਗੇ।

---------------------------------------------------------

ਪੰਜਾਬ ਸਰਕਾਰ ਨੇ ਰਜਿਸਟ੍ਰੇਸ਼ਨ ਸਰਟੀਫਿਕੇਟਾਂ (ਆਰ.ਸੀ.) ਅਤੇ ਡਰਾਈਵਿੰਗ ਲਾਇਸੈਂਸਾਂ ਦੀ ਰਜਿਸਟ੍ਰੇਸ਼ਨ ਅਤੇ ਰੀਨਿਊਅਲ ਦੇ

ਅਧਿਕਾਰ ਖੇਤਰੀ ਅਧਿਕਾਰੀਆਂ ਨੂੰ ਦੇ ਦਿੱਤੇ ਨੇ ਤਾਂ ਕਿ ਪਿਛਲੇ ਕਈ ਸਾਲਾਂ ਦੇ ਬੈਕਲਾਗ ਦਾ ਕੰਮ ਪੂਰਾ ਕੀਤਾ ਜਾ ਸਕੇ। ਇਹ ਜਾਣਕਾਰੀ ਦਿੰਦਿਆਂ ਸੂਬੇ ਦੇ ਟਰਾਂਸਪੋਰਟ ਮੰਤਰੀ ਲਾਲਜੀਤ ਸਿੰਘ ਭੁੱਲਰ ਨੇ ਦੱਸਿਆ ਕਿ ਸੂਬੇ ਦੇ ਨਾਗਰਿਕ ਇੱਕ ਨਿਰਧਾਰਤ ਪ੍ਰਕਿਰਿਆ ਅਪਣਾ ਕੇ ਇਸ ਰਾਹਤ ਦਾ ਲਾਭ ਲੈ ਸਕਣਗੇ। ਉਨ੍ਹਾਂ ਦੱਸਿਆ ਕਿ ਹੁਣ ਬਿਨੈਕਾਰ ਆਪਣੇ ਪੁਰਾਣੇ ਵਾਹਨ ਅਤੇ ਡਰਾਈਵਿੰਗ ਲਾਇਸੈਂਸ ਨੂੰ ਆਨਲਾਈਨ ਕਰਵਾ ਸਕਦੇ ਨੇ ਅਤੇ ਸਬੰਧਤ ਦਸਤਾਵੇਜ਼ਾਂ ਨੂੰ ਰੀਨਿਊ ਕਰਵਾ ਸਕਦੇ ਨੇ। ਮੰਤਰੀ ਨੇ ਦੱਸਿਆ ਕਿ ਇੱਕ ਲਿਖਤੀ ਪੱਤਰ ਰਾਹੀਂ ਪੰਜਾਬ ਦੀਆਂ ਸਮੂਹ ਰਜਿਸਟ੍ਰਿੰਗ ਅਥਾਰਟੀਜ਼ ਅਤੇ ਸਮੂਹ ਲਾਈਸੰਸਿੰਗ ਅਥਾਰਟੀਜ ਨੂੰ ਦਿਸ਼ਾ-ਨਿਰਦੇਸ਼ ਜਾਰੀ ਕੀਤੇ ਗਏ ਨੇ ਅਤੇ ਬੈਕਲਾਗ ਮੁਕੰਮਲ ਕਰਨ ਦੀਆਂ ਹਦਾਇਤਾਂ ਦਿੱਤੀਆਂ ਗਈਆਂ ਨੇ।

----------------------------------------------------

ਪੰਜਾਬ ਦੇ ਮੁੱਖ ਚੋਣ ਅਧਿਕਾਰੀ ਸਿਬਿਨ ਸੀ ਵੱਲੋਂ ਲੁਧਿਆਣਾ ਪੱਛਮੀ ਸੀਟ ਦੀ ਜ਼ਿਮਨੀ ਚੋਣ ਦੇ ਪ੍ਰਬੰਧਾਂ ਦੀ ਸਮੀਖਿਆ ਲਈ ਜ਼ਿਲ੍ਹੇ ਦੇ ਡਿਪਟੀ ਕਮਿਸ਼ਨਰ- ਕਮ-ਜ਼ਿਲ੍ਹਾ ਚੋਣ ਅਧਿਕਾਰੀ ਹਿਮਾਂਸ਼ੂ ਜੈਨ, ਪੁਲਿਸ

ਕਮਿਸ਼ਨਰ ਸਵਪਨ ਸ਼ਰਮਾ ਅਤੇ ਰਿਟਰਨਿੰਗ ਅਫ਼ਸਰ ਰੁਪਿੰਦਰ ਪਾਲ ਸਿੰਘ ਨਾਲ ਵੀਡਿਓ ਕਾਨਫਰੰਸਿੰਗ ਰਾਹੀਂ ਮੀਟਿੰਗ ਕੀਤੀ ਗਈ। ਜ਼ਿਮਨੀ ਚੋਣ ਪ੍ਰਕਿਰਿਆ ਦੇ ਅੰਤਿਮ ਪੜਾਅ 'ਤੇ ਮੁੱਖ ਚੋਣ ਅਧਿਕਾਰੀ ਨੇ ਜ਼ਿਲ੍ਹਾ ਅਧਿਕਾਰੀਆਂ ਨੂੰ ਵਧੇਰੇ ਚੌਕਸੀ ਵਰਤਣ ਦੇ ਨਿਰਦੇਸ਼ ਜਾਰੀ ਕੀਤੇ ਨੇ। ਮੀਟਿੰਗ ਦੌਰਾਨ ਸਿਬਿਨ ਸੀ ਨੇ ਜ਼ਿਲ੍ਹਾ ਅਧਿਕਾਰੀਆਂ ਨੂੰ ਵੋਟਾਂ ਤੋਂ ਪਹਿਲਾਂ ਦੇ 72, 48 ਅਤੇ 24 ਘੰਟਿਆਂ ਤੋਂ ਲੈ ਕੇ ਚੋਣ ਪ੍ਰਕਿਰਿਆ ਮੁਕੰਮਲ ਹੋਣ ਤੱਕ ਚੌਕਸੀ ਹੋਰ ਵਧਾਉਣ ਦੇ ਆਦੇਸ਼ ਦਿੱਤੇ ਨੇ। ਉਨ੍ਹਾਂ ਕਿਹਾ ਕਿ ਹਲਕੇ ਤੋਂ ਬਾਹਰਲੇ ਵੋਟਰਾਂ ਅਤੇ ਲੀਡਰਾਂ ਨੂੰ ਅੱਜ ਸ਼ਾਮ 6 ਵਜੇ ਚੋਣ ਪ੍ਰਚਾਰ ਦੀ ਸਮਾਪਤੀ ਤੋਂ ਬਾਅਦ ਹਲਕਾ ਛੱਡਣ ਨੂੰ ਯਕੀਨੀ ਬਣਾਇਆ ਜਾਵੇ। ਉਨ੍ਹਾਂ ਕਿਹਾ ਕਿ ਸੀਸੀਟੀਵੀ ਰਾਹੀਂ 24 ਘੰਟੇ ਨਿਗਰਾਨੀ ਨੂੰ ਹੋਰ ਮਜ਼ਬੂਤ ਕੀਤਾ ਜਾਵੇ । ਮੁੱਖ ਚੋਣ ਅਧਿਕਾਰੀ ਨੇ ਗਰਮੀ ਦੇ ਮੱਦੇਨਜ਼ਰ ਵੋਟਰਾਂ ਦੀ ਸਹੂਲਤ ਲਈ ਸਾਰੇ ਪ੍ਰਬੰਧ ਕਰਨ ਦੇ ਨਿਰਦੇਸ਼ ਵੀ ਦਿੱਤੇ।

---------------------------------------------------

ਜਲੰਧਰ ਦੇ ਡਿਪਟੀ ਕਮਿਸ਼ਨਰ ਡਾ. ਹਿਮਾਂਸ਼ੂ ਅਗਰਵਾਲ ਵੱਲੋਂ

ਬੇਰੁਜ਼ਗਾਰੀ ਨੂੰ ਖ਼ਤਮ ਕਰਨ ਅਤੇ ਨੌਜਵਾਨਾਂ ਨੂੰ ਆਰਥਿਕ ਪਖੋਂ ਸਮਰੱਥ ਬਣਾਉਣ ਲਈ ਹੁਨਰ ਵਿਕਾਸ ਪ੍ਰੋਗਰਾਮ ਤਹਿਤ ਵੱਧ ਤੋਂ ਵੱਧ ਪਹਿਲਕਦਮੀਆਂ ਕਰਨ 'ਤੇ ਜ਼ੋਰ ਦਿੱਤਾ ਗਿਆ ਏ। ਪੇਂਡੂ ਵਿਕਾਸ ਅਤੇ ਸਵੈ ਰੋਜ਼ਗਾਰ ਸਿਖਲਾਈ ਸੰਸਥਾ (ਰੂਡਸੈਟ) ਦੀ ਮੀਟਿੰਗ ਦੀ ਪ੍ਰਧਾਨਗੀ ਕਰਦਿਆਂ ਡਾ.ਅਗਰਵਾਲ ਨੇ ਸਾਰੇ ਵਿਭਾਗਾਂ ਨੂੰ ਵੱਖ-ਵੱਖ ਸਕੀਮਾਂ ਤੇ ਪ੍ਰੋਗਰਾਮਾਂ ਦਾ ਹੇਠਲੇ ਪੱਧਰ ਤੱਕ ਲਾਭ ਪਹੁੰਚਾਉਣ ਲਈ ਬਿਹਤਰ ਆਪਸੀ ਤਾਲਮੇਲ ਨਾਲ ਕੰਮ ਕਰਨ ਲਈ ਕਿਹਾ ਏ। ਡਿਪਟੀ ਕਮਿਸ਼ਨਰ ਨੇ ਹਦਾਇਤ ਕਰਦਿਆਂ ਕਿਹਾ ਕਿ ਮਾਡਲ ਨਸ਼ਾ ਛੁਡਾਊ ਤੇ ਮੁੜ ਵਸੇਬਾ ਕੇਂਦਰ ਵਿਖੇ ਨਸ਼ਿਆਂ ਤੋਂ ਪ੍ਰਭਾਵਿਤ ਨੌਜਵਾਨਾਂ ਨੂੰ ਸਮਾਜ ਦੀ ਮੁੱਖ ਧਾਰਾ ਵਿੱਚ ਵਾਪਿਸ ਲਿਆਉਣ ਲਈ ਨਵੇਂ ਸਿਖਲਾਈ ਕੋਰਸ ਸ਼ੁਰੂ ਕੀਤੇ ਜਾਣ। ਇਸ ਮੌਕੇ ਰੂਡਸੈਟ ਇੰਸਟੀਚਿਊਟ ਡਾਇਰੈਕਟਰ ਸੰਜੀਵ ਕੁਮਾਰ ਚੌਹਾਨ ਨੇ ਤਿਮਾਹੀ ਰਿਪੋਰਟ ਪੇਸ਼ ਕਰਦਿਆਂ ਦੱਸਿਆ ਕਿ ਹਾਲ ਹੀ ਵਿੱਚ 36 ਸਿਖਲਾਈ ਪ੍ਰੋਗਰਾਮ ਕਰਵਾਏ ਗਏ ਨੇ, ਜਿਨ੍ਹਾਂ ਦਾ ਇਕ ਹਜ਼ਾਰ ਨੌਜਵਾਨਾਂ ਵੱਲੋਂ ਲਾਭ ਲਿਆ ਗਿਆ ਏ ਅਤੇ 709 ਨੌਜਵਾਨਾਂ ਵੱਲੋਂ ਨੌਕਰੀਆਂ ਜਾਂ ਆਪਣਾ ਸਵੈ ਰੋਜ਼ਗਾਰ ਸ਼ੁਰੂ ਕੀਤਾ ਗਿਆ ਏ।

---

ਭਾਰਤੀ ਫੌਜ ਦੀਆਂ ਪਰੰਪਰਾਵਾਂ ਨੂੰ ਕਾਇਮ ਰੱਖਦੇ ਹੋਏ, ਵਜਰ ਕੋਰ ਦੇ ਸੈਨਿਕਾਂ ਨੇ ਕਾਂਗੜਾ ਜ਼ਿਲ੍ਹੇ ਦੇ ਬੀੜ ਤੋਂ ਹਿਮਾਚਲ ਪ੍ਰਦੇਸ਼ ਦੇ ਮਨਾਲੀ ਤੱਕ, ਧੌਲਾਧਾਰ ਰੇਂਜਾਂ ਵਿੱਚ ਦੋ ਹਫ਼ਤਿਆਂ ਦੀ ਟਰੈਕਿੰਗ ਮੁਹਿੰਮ ਸ਼ੁਰੂ ਕੀਤੀ ਏ। ਗੋਲਡਨ ਐਰੋ ਡਵੀਜ਼ਨ ਦੀ ਬਖਤਰਬੰਦ ਰੈਜੀਮੈਂਟ ਦੀ 10 ਮੈਂਬਰੀ ਟੀਮ ਨੂੰ 15 ਜੂਨ ਨੂੰ ਫਿਰੋਜ਼ਪੁਰ ਤੋਂ ਮੇਜਰ ਜਨਰਲ ਰਣਜੀਤ ਸਿੰਘ ਮਨਰਾਲ ਵੱਲੋਂ ਹਰੀ ਝੰਡੀ ਦੇ ਕੇ ਰਵਾਨਾ ਕੀਤਾ ਗਿਆ ਸੀ। ਇਹ ਚੁਣੌਤੀਪੂਰਨ ਟਰੈਕ ਸਰੀਰਕ ਧੀਰਜ, ਮਾਨਸਿਕ ਲਚਕੀਲਾਪਣ ਅਤੇ ਟੀਮ ਭਾਵਨਾ ਦੀ ਇੱਕ ਸੱਚੀ ਪ੍ਰੀਖਿਆ ਏ । ਇਸ ਮਿਸ਼ਨ ਦਾ ਉਦੇਸ਼ 'ਨੌਜਵਾਨਾਂ ਨੂੰ ਭਾਰਤੀ ਫੌਜ ਵਿੱਚ ਕਰੀਅਰ ਬਣਾਉਣ ਲਈ ਪ੍ਰੇਰਿਤ ਕਰਨਾ, ਸਾਬਕਾ ਸੈਨਿਕਾਂ ਨਾਲ ਜੁੜਨਾ ਅਤੇ ਆਪ੍ਰੇਸ਼ਨ ਸਿੰਦੂਰ ਦੌਰਾਨ ਬੇਮਿਸਾਲ ਹਿੰਮਤ ਦੀਆਂ ਕਹਾਣੀਆਂ ਨੂੰ ਯਾਦ ਕਰਨਾ ਏ।' ਇਹ ਮੁਹਿੰਮ "ਸਵੱਛ ਹਿਮਾਲਿਆ" ਮੁਹਿੰਮ ਵਿੱਚ ਵੀ ਯੋਗਦਾਨ ਪਾਉਂਦੀ ਏ, ਜੋ ਵਾਤਾਵਰਣ ਜ਼ਿੰਮੇਵਾਰੀ ਅਤੇ ਰਾਸ਼ਟਰ ਨਿਰਮਾਣ ਪ੍ਰਤੀ ਫੌਜ ਦੀ ਸਥਾਈ ਵਚਨਬੱਧਤਾ ਨੂੰ ਮਜ਼ਬੂਤ ਕਰਦੀ ਏ।

---------------------------------------------------------------

ਬਾਗਬਾਨੀ ਵਿਭਾਗ ਵੱਲੋਂ ਨਵੇਂ ਐਮ.ਆਈ.ਡੀ.ਐੱਚ. ਦਿਸ਼ਾ ਨਿਰਦੇਸ਼ਾਂ ਸਬੰਧੀ ਜ਼ਿਲ੍ਹਾ ਪੱਧਰੀ ਤਕਨੀਕੀ ਸਿਖਲਾਈ ਸੈਸ਼ਨ ਸ੍ਰੀ ਮੁਕਤਸਰ ਸਾਹਿਬ ਵਿਖੇ ਸਿਟਰਸ ਅਸਟੇਟ ਬਾਦਲ ’ਚ ਕਰਵਾਇਆ ਗਿਆ। ਸੈਸ਼ਨ ਦੌਰਾਨ ਡਿਪਟੀ ਡਾਇਰੈਕਟਰ ਬਾਗਬਾਨੀ ਚੰਡੀਗੜ੍ਹ ਡਾ. ਹਰਪ੍ਰੀਤ ਸਿੰਘ ਸੇਠੀ, ਏ.ਆਈ.ਐਫ. ਟੀਮ ਲੀਡਰ ਰਵਦੀਪ ਕੌਰ ਅਤੇ ਜ਼ਾਇਕਾ ਟੀਮ ਤੋਂ ਸ਼ੁਭਮ ਸ਼ਾਮਲ ਹੋਏ। ਇਸ ਮੌਕੇ ਖੇਤੀਬਾੜੀ ਵਿਭਾਗ ਤੋਂ ਡਾ. ਸੁਖਚੈਨ ਸਿੰਘ ਨੇ ਟਿਕਾਊ ਖੇਤੀਬਾੜੀ ਸਬੰਧੀ ਵੱਖ-ਵੱਖ ਸਕੀਮਾਂ ਬਾਰੇ ਜਾਣਕਾਰੀ ਦਿੱਤੀ। ਪੰਜਾਬ ਐਗਰੋ ਤੋਂ ਗੁਰਪ੍ਰੀਤ ਸਿੰਘ ਨੇ ਪੰਜਾਬ ਐਗਰੋ ਦੁਆਰਾ ਅਤੇ ਭੂਮੀ ਰੱਖਿਆ ਵਿਭਾਗ ਤੋਂ ਆਏ ਅਧਿਕਾਰੀਆਂ ਨੇ ਆਪਣੇ ਵਿਭਾਗ ਦੀਆਂ ਸਕੀਮਾਂ ਬਾਰੇ ਦੱਸਿਆ । ਬਾਗਬਾਨੀ ਵਿਕਾਸ ਅਫਸਰ ਸ੍ਰੀ ਮੁਕਤਸਰ ਸਾਹਿਬ ਅਮਨਦੀਪ ਕੌਰ ਵੱਲੋਂ ਐਮ.ਆਈ.ਡੀ.ਐਚ. ਦੀਆਂ ਸਕੀਮਾਂ ਬਾਰੇ ਵਿਸਤਾਰ ਸਹਿਤ ਜਾਣਕਾਰੀ ਦਿੱਤੀ ਗਈ। ਸਮਾਗਮ ਦੌਰਾਨ ਤਕਰੀਬਨ 250 ਅਗਾਂਹਵਧੂ ਕਿਸਾਨ ਨੇ ਸ਼ਿਰਕਤ ਕੀਤੀ।

-----------------------------------------------------------------

ਪੰਜਾਬ ਦੇ ਕਈ ਜ਼ਿਲ੍ਹਿਆ ਵਿਚ ਬੀਤੀ ਰਾਤ ਚੱਲੀਆਂ ਤੇਜ਼ ਹਵਾਵਾਂ ਤੇ ਪਈ ਹਲਕੀ ਬਾਰਿਸ਼ ਨੇ ਲੋਕਾਂ ਨੂੰ ਗਰਮੀ ਤੋਂ ਕੁੱਝ ਰਾਹਤ ਦਿੱਤੀ ਏ। ਬਾਰਿਸ਼ ਨਾਲ ਸੂਬੇ ਦੇ ਤਾਪਮਾਨ ਵਿਚ ਵੀ ਹਲਕੀ ਗਿਰਾਵਟ ਦਰਜ ਕੀਤੀ ਗਈ ਏ। ਮੌਸਮ ਵਿਭਾਗ ਨੇ ਅੱਜ ਵੀ ਸੂਬੇ ਦੇ ਵੱਖ-ਵੱਖ ਜ਼ਿਲ੍ਹਿਆ ਵਿਚ ਸ਼ੁੱਕਰਵਾਰ ਤੱਕ ਤੇਜ਼ ਹਵਾਵਾਂ ਚੱਲਣ ਤੇ ਹਲਕੀ ਤੋਂ ਦਰਮਿਆਨੀ ਬਾਰਿਸ਼ ਹੋਣ ਦੀ ਪੇਸ਼ੀਨਗੋਈ ਕੀਤੀ ਏ।